ਜ਼ਿਲ੍ਹਾ ਪ੍ਰਸ਼ਾਸਨ ਤਰਨਤਾਰਨ ਵੱਲੋਂ "ਗਾਂਧੀ ਜੈਅੰਤੀ" ਨੂੰ ਸਵੱਛਤਾ ਦਿਵਸ ਦੇ ਰੂਪ ਵਿੱਚ ਮਨਾਇਆ ਗਿਆ

ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਨੂੰ ਸਰਧਾਂ ਦੇ ਫੁੱਲ ਭੇਂਟ

ਜ਼ਿਲ੍ਹੇ ਨੂੰ ਖੁੱਲੇ ਵਿੱਚ ਸੌਚ ਮੁਕਤ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਆਮ ਲੋਕਾਂ ਨਾਲ ਮਿਲ ਚਲਾਇਆ ਜਾ ਰਿਹਾ ਹੈ ਜਾਗਰੂਕਤਾ ਅਭਿਆਨ

ਤਰਨਤਾਰਨ, 2 ਅਕਤੂਬਰ :

ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੇ ਜਨਮ ਦਿਨ ਦੇ ਮੌਕੇ 'ਤੇ ਅੱਜ ਜ਼ਿਲ੍ਹਾ ਪ੍ਰਸ਼ਾਸਨ ਤਰਨਤਾਰਨ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ "ਗਾਂਧੀ ਜੈਅੰਤੀ" ਨੂੰ ਸਵੱਛਤਾ ਦਿਵਸ ਦੇ ਰੂਪ ਵਿੱਚ ਮਨਾਇਆ ਗਿਆ।ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਪਰਦੀਪ ਕੁਮਾਰ ਸੱਭਰਵਾਲ, ਐੱਸ. ਐੱਸ. ਪੀ. ਸ੍ਰੀ ਦਰਸ਼ਨ ਸਿੰਘ ਮਾਨ, ਵਧੀਕ ਡਿਪਟੀ ਕਮਿਸ਼ਨਰ ਜਨਰਲ ਸ੍ਰੀ ਸੰਦੀਪ ਰਿਸ਼ੀ, ਐੱਸ. ਡੀ. ਐੱਮ. ਤਰਨਤਾਰਨ ਡਾ. ਅਮਨਦੀਪ ਕੌਰ ਅਤੇ ਹੋਰ ਅਧਿਕਾਰੀਆਂ ਵੱਲੋਂ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੀ ਤਸਵੀਰ 'ਤੇ ਫੁੱਲ ਅਰਪਣ ਕਰਕੇ ਉਹਨਾਂ ਨੂੰ ਸਰਧਾਂਜ਼ਲੀ ਭੇਂਟ ਕੀਤੀ ਗਈ।



ਇਸ ਮੌਕੇ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਅੱਜ "ਗਾਂਧੀ ਜੈਅੰਤੀ" ਨੂੰ ਸਵੱਛਤਾ ਦਿਵਸ ਦੇ ਰੂਪ ਵਿੱਚ ਮਨਾਇਆ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹਾ ਤਰਨਤਾਰਨ ਨੂੰ 30 ਅਕਤੂਬਰ

ਤੱਕ ਖੁੱਲੇ ਵਿੱਚ ਸੌਚ ਮੁਕਤ ਕਰਨ ਲਈ ਟੀਚਾ ਮਿੱਥਿਆ ਗਿਆ ਹੈ। ਉਹਨਾਂ ਦੱਸਿਆ ਕਿ ਜ਼ਿਲ੍ਹਾ ਤਰਨਤਾਰਨ ਸਵੱਛ ਭਾਰਤ ਮਿਸ਼ਨ ਤਹਿਤ ਅਗਸਤ ਮਹੀਨੇ ਵਿੱਚ ਦੇਸ਼ ਭਰ ਵਿੱਚ 508ਵੇਂ ਨੰਬਰ 'ਤੇ ਸੀ, ਹੁਣ 203 ਨੰਬਰ 'ਤੇ ਆ ਗਿਆ ਹੈ। ਇਸ ਤੋਂ ਇਲਾਵਾ ਪੰਜਾਬ ਵਿੱਚ ਚਲਾਏ ਜਾ ਰਹੇ  ਸਵੱਛਤਾ ਅਭਿਆਨ ਤਹਿਤ ਜ਼ਿਲ੍ਹਾ ਤਰਨਤਾਰਨ 22ਵੇਂ ਸਥਾਨ ਤੋਂ 10ਵੇਂ ਸਥਾਨ 'ਤੇ ਆ ਗਿਆ ਹੈ।

ਉਹਨਾਂ ਦੱਸਿਆ ਕਿ ਜ਼ਿਲ੍ਹੇ ਨੂੰ ਖੁੱਲੇ ਵਿੱਚ ਸੌਚ ਮੁਕਤ ਕਰਨ ਅਤੇ ਸਵੱਛ ਭਾਰਤ ਮਿਸ਼ਨ ਨੂੰ 100 ਫੀਸਦੀ ਲਾਗੂ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਆਮ ਲੋਕਾਂ ਨਾਲ ਮਿਲ ਸਮੂਹਿਕ ਰੂਪ ਵਿੱਚ ਜਾਗਰੂਕਤਾ ਅਭਿਆਨ ਚਲਾ ਰਿਹਾ ਹੈ।ਉਹਨਾਂ ਦੱਸਿਆ ਕਿ ਸਵੱਛ ਭਾਰਤ ਮਿਸ਼ਨ ਤਹਿਤ ਜ਼ਿਲ੍ਹੇ ਦੇ ਪਿੰਡਾਂ ਵਿੱਚ ਲੱਗਭੱਗ 4000 ਹੋਰ ਪੈਖਾਨੇ ਬਣਾਉਣ ਦਾ ਕੰਮ ਸ਼ੁਰੂ ਕੀਤਾ ਗਿਆ ਹੈ।

ਉਹਨਾਂ ਦੱਸਿਆ ਕਿ ਪਿਛਲੇ 15 ਦਿਨਾਂ ਤੋਂ ਜ਼ਿਲ੍ਹੇ ਵਿੱਚ ਚਲਾਏ ਜਾ ਰਹੇ ਸਵੱਛਤਾ ਹੀ ਸੇਵਾ ਪੰਦਰਵਾੜੇ ਤਹਿਤ ਜ਼ਿਲ੍ਹਾ ਪੱਧਰ 'ਤੇ ਵੱਡੀ ਗਿਣਤੀ ਵਿੱਚ ਸਫਾਈ ਅਭਿਆਨ ਚਲਾਇਆ ਗਿਆ। ਇਸ ਪੰਦਰਵਾੜੇ ਤਹਿਤ ਚਲਾਈ ਗਈ ਸਫਾਈ ਮੁਹਿੰਮ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਆਮ ਲੋਕਾਂ ਨੇ ਵੱਡੀ ਗਿਣਤੀ ਵਿੱਚ ਕਿਰਤ ਦਾਨ ਕੀਤਾ ਗਿਆ। ਇਸ ਮੌਕੇ ਸਿਵਲ ਸਰਜਨ ਡਾ. ਸਮਸ਼ੇਰ ਸਿੰਘ. ਜ਼ਿਲ੍ਹਾ ਵਿਕਾਸ 'ਤੇ ਪੰਚਾਇਤ ਅਫ਼ਸਰ ਜਗਜੀਤ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸ੍ਰੀ ਨਿਰਮਲ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ ਪ੍ਰਾਇਮਰੀ ਸ੍ਰੀ ਬਲਬੀਰ ਸਿੰਘ ਅਤੇ ਐਕਸੀਅਨ ਨਰਿੰਦਰ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਤੇ ਕਰਮਚਾਰੀ ਵੀ ਹਾਜ਼ਰ ਸਨ।

------------